I/26240/2020

ਜ਼ਿਲਾ ਲੋਕ ਸੰਪਰਕ ਦਫ਼ਤਰ, ਗੁਰਦਾਸਪੁਰ

ਜ਼ਿਲਾ ਵਾਸੀ ਜਰੂਰੀ ਕੰਮ ਲਈ ਘਰੋਂ ਬਾਹਰ ਨਿਕਲਣ ਸਮੇਂ ਮਾਸਕ ਪਾਉਣ ਨੂੰ ਯਕੀਨੀ ਬਣਾਉਣ –ਐਸ.ਐਸ.ਪੀ ਸਵਰਨਦੀਪ ਸਿੰਘ

ਗੁਰਦਾਸਪੁਰ, 20 ਮਈ ( ) ਸ. ਸਵਰਨਦੀਪ ਸਿੰਘ ਐਸ.ਐਸ.ਪੀ ਗੁਰਦਾਸਪੁਰ ਨੇ ਜਿਲਾ ਵਾਸੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਕੋਰੋਨਾ ਵਾਇਰਸ ਤੋਂ ਬਚਾਅ ਕਰਨ ਹਿਤ ਪੰਜਾਬ ਸਰਕਾਰ ਵੱਲੋਂ ਐਪੀਡੈਮਿਕ ਡਿਜੀਜ ਐਕਟ 1897 ਤਹਿਤ ਜਰੂਰੀ ਹਦਾਇਤਾਂ ਜਾਰੀ ਕੀਤੀਆਂ ਗਈਆਂ ਹਨ, ਜਿਸ ਦੀ ਪਾਲਣਾ ਕਰਨ ਨੂੰ ਯਕੀਨੀ ਬਣਾਉਣਾ ਚਾਹੀਦਾ ਹੈ। ਐੱਸ.ਐੱਸ.ਪੀ ਸਵਰਨਦੀਪ ਸਿੰਘ ਨੇ ਦੱਸਿਆ ਕਿ ਕਰੋਨਾ ਵਾਇਰਸ ਇਕ ਤੋਂ ਦੂਜੇ ਵਿੱਚ ਫੈਲਦਾ ਹੈ ਅਤੇ ਇਸ ਤੋਂ ਬਚਾਅ ਦਾ ਇੱਕ ਹੀ ਤਰੀਕਾ ਹੈ ਆਪਸ ਵਿੱਚ ਦੂਰੀ ਅਤੇ ਹੱਥਾਂ ਦੀ ਸਾਫ ਸਫਾਈ ਯਕੀਨੀ ਬਣਾਈ ਜਾਵੇ। ਉਹਨਾਂ ਨੇ ਕਿਹਾ ਕਿ ਆਮ ਲੋਕਾਂ ਵਿੱਚ ਜਾਣਕਾਰੀ ਦੀ ਅਣਹੋਂਦ ਕਾਰਨ ਇਹ ਵਾਇਰਸ ਬਹੁਤ ਤੇਜ਼ੀ ਨਾਲ ਫੈਲਣ ਦਾ ਖਤਰਾ ਸੀ, ਜਿਸ ਕਾਰਨ ਸਰਕਾਰ ਦੁਆਰਾ ਕਰਫਿਊ ਵਰਗਾ ਸਖਤ ਫੈਸਲਾ ਲੈਣਾ ਪਿਆ। ਹੁਣ ਆਮ ਲੋਕਾਂ ਦੀਆਂ ਲੋੜਾਂ ਨੂੰ ਦੇਖਦੇ ਹੋਏ ਆਪਣੇ ਜਰੂਰੀ ਕੰਮ ਕਰਨ ਅਤੇ ਜਰੂਰੀ ਸਮਾਨ ਦੀ ਪ੍ਰਾਪਤੀ ਲਈ ਸਹੂਲਤ ਪ੍ਰਦਾਨ ਕਰਨ ਦਾ ਫੈਸਲਾ ਲਿਆ ਗਿਆ ਹੈ, ਇਸ਼ ਲਈ ਜਿਲਾ ਵਾਸੀ ਹਦਾਇਤਾਂ ਤਹਿਤ ਦਿੱਤੀਆਂ ਗਈਆਂ ਸਹੂਲਤਾਂ ਲੈਣ ਨੂੰ ਯਕੀਨੀ ਬਣਾਉਣ।

ਉਨਾਂ ਨੇ ਅੱਗੇ ਦੱਸਿਆ ਕਿ ਕੋਵਿਡ 19 ਤੋਂ ਬਚਾਅ ਅਤੇ ਰੋਕਥਾਮ ਦੇ ਲਈ ਘਰ ਤੋਂ ਬਾਹਰ ਨਿਕਲਣ ਸਮੇਂ, ਆਪਣੇ ਕੰਮ ਕਰਦੇ ਹੋਏ, ਦਫ਼ਤਰ ਵਿੱਚ ਅਤੇ ਹਰ ਉਹ ਜਗ•ਾ ਜਿਥੇ ਇਕ ਵਿਅਕਤੀ ਦੇ ਸੰਪਰਕ ਵਿੱਚ ਦੂਜਾ ਵਿਅਕਤੀ ਆਉਂਦਾ ਹੈ, ਮਾਸਕ ਪਾਉਣਾ ਜਰੂਰੀ ਹੈ। ਮਾਸਕ ਟ੍ਰਿਪਲ ਲੇਅਰ ਜਾਂ ਸੂਤੀ ਕਪੱੜੇ ਦਾ ਹੋ ਸਕਦਾ ਹੈ। ਜੇਕਰ ਇਹ ਦੋਨੋਂ ਉਪਲਬਧ ਨਹੀਂ ਹਨ ਤਾਂ ਰੁਮਾਲ, ਪਰਨਾ, ਚੁੰਨੀ ਦੀ ਦੂਹਰੀ ਤੀਹਰੀ ਤਹਿ ਨਾਲ ਵੀ ਆਪਣਾ ਮੂੰਹ ਢੱਕਿਆ ਜਾ ਸਕਦਾ ਹੈ, ਜਿਸ ਨੂੰ ਸਾਬਣ ਜਾਂ ਡਿਟਰਜੈਂਟ ਨਾਲ ਧੋ ਕੇ ਦੁਬਾਰਾ ਵਰਤੋਂ ਵਿੱਚ ਲਿਆਂਦਾ ਜਾ ਸਕਦਾ ਹੈ। ਉਨਾਂ ਕਿਹਾ ਕਿ ਕਿਸੇ ਵੀ ਸੂਰਤ ਵਿੱਚ ਆਪਣਾ ਮੂੰਹ ਢੱਕਣ ਤੋਂ ਬਿਨਾਂ ਘਰ ਤੋਂ ਬਾਹਰ ਨਿਕਲਣਾ ਸਜ਼ਾ ਯੋਗ ਅਪਰਾਧ ਮੰਨਿਆ ਜਾਵੇਗਾ। ਉਨਾਂ ਨੇ ਅੱਗੇ ਕਿਹਾ ਕਿ ਜਿਸ ਵਿਅਕਤੀ ਨੂੰ ਸਿਹਤ ਵਿਭਾਗ ਵੱਲੋਂ ਘਰ ਵਿਚ ਨਜ਼ਰਬੰਦ ਕੀਤਾ ਗਿਆ ਹੈ ਉਹ ਦਿੱਤੇ ਗਏ ਸਮੇਂ ਤੱਕ ਕਿਸੇ ਵੀ ਸੂਰਤ ਵਿੱਚ ਘਰ ਤੋਂ ਬਾਹਰ ਨਾ ਨਿਕਲੇ। ਉਨਾਂ ਕਿਹਾ ਕਿ ਸਮੂਹਿਕ ਸਹਿਯੋਗ ਨਾਲ ਅਸੀ ਕੋਰੋਨਾ ਵਾਇ੍ਰਸ ਵਿਰੁੱਧ ਜੰਗ ਜਿੱਤ ਸਕਦੇ ਹਾਂ ਅਤੇ ਲੋਕ ਸਰਾਕਰ ਵਲੋਂ ਜਾਰੀ ਹਦਾਇਕਾਂ ਦੀ ਪਾਲਣਾ ਜਰੂਰੀ ਤੋਰ 'ਤੇ ਕਰਨ।

I/26255/2020

ਜ਼ਿਲਾ ਲੋਕ ਸੰਪਰਕ ਦਫਤਰ, ਗੁਰਦਾਸਪੁਰ।

ਡਿਪਟੀ ਕਮਿਸ਼ਨਰ ਵਲੋਂ ਕਿਸਾਨਾਂ ਨੂੰ ਫਸਲ ਦੀ ਰਹਿੰਦ ਖੂੰਹਦ ਨੂੰ ਅੱਗ ਨਾ ਲਾਉਣ ਦੀ ਅਪੀਲ

ਖੇਤੀਬਾੜੀ ਵਿਭਾਗ ਵਲੋਂ ਕਿਸਾਨਾਂ ਨੂੰ ਗੈਰ ਬਾਸਮਤੀ (ਪਰਮਲ) ਦੀਆਂ ਪੀਆਰ-128 ਅਤੇ ਪੀਆਰ-129 ਕਿਸਮਾਂ ਦੀ ਕਾਸ਼ਤ ਕਰਨ ਦੀ ਸਲਾਹ

ਜ਼ਿਲੇ ਦੀਆਂ ਮੰਡੀਆਂ ਵਿਚ 4 ਲੱਖ 98 ਹਜ਼ਾਰ 125 ਮੀਟਰਕ ਟਨ ਕਣਕ ਦੀ ਖਰੀਦ

ਗੁਰਦਾਸਪੁਰ, 20 ਮਈ ( ) ਜਨਾਬ ਮੁਹੰਮਦ ਇਸ਼ਫਾਕ ਡਿਪਟੀ ਕਮਿਸ਼ਨਰ ਨੇ ਕਿਸਾਨਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਫਸਲ ਦੀ ਰਹਿੰਦ ਖੂੰਹਦ ਨੂੰ ਅੱਗ ਨਾ ਲਗਾਉਣ, ਸਗੋਂ ਨਾੜ ਨੂੰ ਜ਼ਮੀਨ ਵਿਚ ਹੀ ਵਾਹੁਣ। ਉਨਾਂ ਕਿਹਾ ਕਿ ਨਾੜ ਨੂੰ ਅੱਗ ਲਾਉਣ ਨਾਲ ਜਿਥੇ ਵਾਤਾਵਰਣ ਦੂਸ਼ਿਤ ਹੁੰਦਾ ਹੈ ਓਥੇ ਧਰਤੀ ਦੀ ਉਪਜਾਊ ਸ਼ਕਤੀ ਵੀ ਖਤਮ ਹੁੰਦੀ ਹੈ। ਉਨਾਂ ਕਿਹਾ ਕਿ ਖੇਤੀਬਾੜੀ ਵਿਭਾਗ ਦੇ ਮਾਹਿਰਾਂ ਦੀਆਂ ਸ਼ਿਫਾਰਿਸਾਂ ਅਨੁਸਾਰ ਖੇਤੀ ਕਰਨ ਨੂੰ ਤਰਜੀਹ ਦੇਣ।

ਡਿਪਟੀ ਕਮਿਸ਼ਨਰ ਨੇ ਅੱਗੇ ਦੱਸਿਆ ਕਿ ਵਿਧਾਇਕ ਪਾਹੜਾ ਨੇ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਦੀਆਂ ਸਿਫਾਰਿਸ਼ਾਂ 'ਤੇ ਖੇਤੀਬਾੜੀ ਵਿਭਾਗ ਪੰਜਾਬ ਨੇ ਕਿਸਾਨਾਂ ਨੂੰ ਗੈਰ ਬਾਸਮਤੀ (ਪਰਮਲ) ਦੀਆਂ ਪੀਆਰ-128 ਅਤੇ ਪੀਆਰ-129 ਕਿਸਾਮਾਂ ਦੀ ਕਾਸ਼ਤ ਕਰਨ ਦੀ ਸਲਾਹ ਦਿੱਤੀ ਹੈ ਜੋ ਫਸਲ ਦੇ ਛੇਤੀ ਪੱਕਣ, ਪਾਣੀ ਦੀ ਘੱਟ ਖਪਤ ਅਤੇ ਪਰਾਲੀ ਨੂੰ ਸਾੜੇ ਬਿਨਾਂ ਢੁੱਕਵੇਂ ਪ੍ਰਬੰਧਨ ਦੀਆਂ ਆਪਣੀਆਂ ਵਿਲੱਖਣ ਵਿਸ਼ੇਸਤਾਵਾਂ ਕਰਕੇ ਕਾਫ਼ੀ ਕਾਰਗਰ ਹਨ।

ਉਨਾਂ ਨੇ ਅੱਗੇ ਦੱਸਿਆ ਕਿ ਜ਼ਿਲੇ ਅੰਦਰ 19 ਮਈ ਤਕ 498818 ਮੀਟਰਕ ਟਨ ਕਣਕ ਦੀ ਆਮਦ ਹੋਈ ਸੀ, ਜਿਸ ਵਿਚੋਂ 498125 ਮੀਟਰਕ ਟਨ ਦੀ ਖਰੀਦ ਹੋ ਚੁੱਕੀ ਹੈ। ਉਨਾਂ ਦੱਸਿਆ ਕਿ 919 ਕਰੋੜ 36 ਲੱਖ ਰੁਪਏ ਦੀ ਅਦਾਇਗੀ ਕੀਤੀ ਜਾ ਚੁੱਕੀ ਹੈ, ਜੋ 97 ਫੀਸਦ ਬਣਦੀ ਹੈ ਅਤੇ ਮੰਡੀਆਂ ਵਿਚੋਂ 95 ਫੀਸਦ ਫਸਲ ਦੀ ਚੁਕਾਈ ਵੀ ਕੀਤੀ ਜਾ ਚੁੱਕੀ ਹੈ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਪਨਗਰੇਨ ਵਲੋਂ 139193, ਮਾਰਕਫੈੱਡ ਵਲੋਂ 103596, ਪਨਸਪ ਵਲੋਂ 101692, ਵੇਅਰਹਾਊਸ ਵਲੋਂ 93173, ਐਫ.ਸੀ.ਆਈ ਵਲੋਂ 58729 ਅਤੇ ਵਪਾਰੀਆਂ ਵਲੋਂ 1742 ਮੀਟਰਕ ਟਨ ਦੀ ਖਰੀਦ ਕੀਤੀ ਗਈ ਹੈ।

I/26318/2020

ਜਿਲ੍ਹਾ ਲੋਕ ਸੰਪਰਕ ਅਫਸਰ ਗੁਰਦਾਸਪੁਰ

ਇੰਡਸਟਰੀ ਆਫ ਹੋਟਲ ਮੈਨਜੇਮੈਟ ਵਿਖੇ ਵੱਖ ਵੱਖ ਕੋਰਸਾਂ ਲਈ ਦਾਖਲਾ-ਏ ਡੀ ਸੀ (ਵਿ)

ਗੁਰਦਾਸਪੁਰ , 20 ਮਈ :- ਭਾਰਤ ਸਰਕਾਰ ਸੈਰ ਸਪਾਟਾ ਮੰਤਰਾਲਾ ਵਲੋ ਗੁਰਦਾਸਪੁਰ ਵਿਖੇ ਚੱਲ ਰਹੇ ਇੰਡਸਟਰੀ ਆਫ ਹੋਟਲ ਮੈਨਜੇਮੈਟ ਵਿਖੇ ਚਲਾਏ ਜਾ ਰਹੇ ਕੋਰਸਾਂ ਵਿਚ ਡੇਢ ਸਾਲ ਦਾ ਡਿਪਲੋਮਾ ਕੋਰਸ 1.ਫੂਡ ਪ੍ਰੋਡਕਸ਼ਨ,2.ਬੇਕਰੀ ਐਡ ਕੰਨਫੈਕਸ਼ਨਰੀ 3.ਫੂਡ ਐਡ ਬਿਵਰੇਜ ਸਰਵਿਸ 4.ਫਰੰਟ ਆਫਿਸ ਆਪਰੇਸ਼ਨ 5.ਹਾਊਸ ਕੀਪਿੰਗ ਲਈ ਸਾਲ 2020-21 ਲਈ ਦਾਖਲਾ ਕੀਤਾ ਜਾ ਰਿਹਾ ਹੈ । ਇਸ ਸਬੰਧੀ ਜਾਣਕਾਰੀ ਦਿੰਦਿਆਂ ਵਧੀਕ ਡਿਪਟੀ ਕਮਿਸ਼ਨਰ (ਵਿ) ਸ੍ਰੀ ਬਲਰਾਜ ਸਿੰਘ ਨੇ ਦਸਿਆ ਕਿ +2 ਪਾਸ ਪ੍ਰਾਰਥੀ ਜਿਨ੍ਹਾ ਦੀ ਉਮਰ 1 ਜੁਲਾਈ 2020 ਨੂੰ 25 ਸਾਲ ਜਾਂ ਇਸ ਤੋ ਘੱਟ ਹੋਵੇਗੀ ਉਹ ਇਹਨਾ ਕੋਰਸਾ ਵਿਚ ਦਾਖਲਾ ਲੈ ਸਕਣਗੇ। ਦਾਖਲਾ +2 ਪ੍ਰਾਪਤ ਅੰਕਾਂ ਦੀ ਮੈਰਿਟ ਦੇ ਅਧਾਰ ਤੇ ਹੋਵੇਗਾ, ਐਪਲੀਕੇਸ਼ਨ ਫਾਰਮ ਭਰਨ ਦੀ ਆਖਰੀ ਮਿਤੀ 1 ਜੁਲਾਈ 2020 ਹੈ। ਦਾਖਲਾ ਲੈਣ ਦੇ ਇਛੁੱਕ ਪ੍ਰਾਰਥੀ ਪ੍ਰਾਸਪੈਕਟਸ ਆਨ ਲਾਇਨ ਜਾ ਸੰਸਥਾ ਤੋ ਡਿਮਾਂਟ ਡਰਾਫਟ ਰਾਹੀ ਭੇਜ ਕੇ ਮੰਗਵਾ ਸਗਦੇ ਹਨ। ਪ੍ਰਾਸਪੈਕਟ ਦੀ ਕੀਮਤ ਜਨਰਲ ਵਰਗ ਲਈ 200/ਰੁਪਏ ਅਤੇ ਰਿਜਰਵ ਕੈਟਾਗਰੀ ਲਈ 100/ਰੁਪਏ ਹੈ। ਪ੍ਰਾਰਥੀ ਵਧੇਰੇ ਜਾਣਕਾਰੀ ਲਈ ਸੰਸਥਾ ਦੀ ਵੈਬਸਾਇਟ www.ihmgurdaspur.org ਤੇ ਵਿਜਟ ਕਰਨ ਜਾਂ ਇਸ ਸੰਸਥਾ ਦੇ ਫੋਨ ਨੰ: 01874-222501 ਤੇ ਸੰਪਰਕ ਕਰ ਸਕਦੇ ਹਨ। ਉਹਨਾ ਅੱਗੇ ਦਸਿਆ ਕਿ ਇਹ ਡਿਪਲੋਮਾ ਕੋਰਸ ਜਾਬ ਉਰੀਐਟ ਹਨ ਅਤੇ ਇਹਨਾ ਕੋਰਸਾ ਦੀ ਡਿਮਾਂਡ ਹੋਟਲ ਇੰਡਸਟਰੀ ਦਾ ਵਿਸਥਾਰ ਹੋਣ ਕਰਕੇ ਦੇਸ਼ਾ ਅਤੇ ਵਿਦੇਸ਼ਾ ਵਿਚ ਵੱਧ ਰਹੀ ਹੈ। ਜੋ ਪ੍ਰਾਰਥੀ ਆਪਣਾ ਭਵਿੱਖ ਵਿਦੇਸ਼ਾ ਵਿਚ ਬਣਾਉਣਾ ਚਾਹੁੰਦੇ ਹਨ ਅਤੇ ਉਹ ਉਥੇ ਜਾ ਕੇ ਹੋਟਲ ਇੰਡਸਟਰੀ ਵਿਚ ਕੰਮ ਕਰਨ ਦੇ ਚਾਹਵਾਨ ਹਨ,ਉਹਨਾ ਨੂੰ ਇਹਨਾ ਕੋਰਸਾ ਨੂੰ ਕਰਕੇ ਇਹਨਾ ਤੋ ਲਾਭ ਉਠਾਉਣਾ ਚਾਹੀਦਾ ਹੈ ਤਾਂ ਜੋ ਉਹਨਾ ਨੂੰ ਵਿਦੇਸ਼ਾ ਵਿਚ ਕੰਮ ਮਿਲਣ ਵਿਚ ਕਿਸੇ ਤਰ੍ਹਾ ਦੀ ਮੁਸ਼ਕਲ ਪੇਸ਼ ਨਾ ਹੋਏ ਅਤੇ ਉਹ ਹੋਟਲ ਇੰਡਸਟਰੀਜ਼ ਵਿਚ ਕੰਮ ਕਰਕੇ ਆਪਣੇ ਜੀਵਣ ਪੱਧਰ ਨੂੰ ਉੱਚਾ ਚੁੱਕ ਸਕਣ।

---------------------0--------------------

I/26429/2020

ਜ਼ਿਲਾ ਲੋਕ ਸੰਪਰਕ ਦਫਤਰ, ਗੁਰਦਾਸਪੁਰ।

ਗੁਰਦਾਸਪੁਰ ਜ਼ਿਲੇ ਵਿਚ 2195 ਸ਼ੱਕੀ ਮਰੀਜਾਂ ਵਿਚੋਂ 1998 ਮਰੀਜਾਂ ਦੀ ਰਿਪੋਰਟ ਨੈਗਟਿਵ

ਗੁਰਦਾਸਪੁਰ, 20 ਮਈ ( ) ਡਾ. ਕਿਸ਼ਨ ਚੰਦ ਸਿਵਲ ਸਰਜਨ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਜ਼ਿਲੇ ਅੰਦਰ ਕੋਰੋਨਾ ਵਾਇਰਸ ਬਿਮਾਰੀ ਦੇ 2195 ਸ਼ੱਕੀ ਮਰੀਜਾਂ ਵਿਚੋਂ 1998 ਮਰੀਜਾਂ ਦੀ ਰਿਪੋਰਟ ਨੈਗਟਿਵ ਆਈ ਹੈ, 61 ਮਰੀਜਾਂ ਦੀ ਰਿਪੋਰਟ ਪੈਂਡਿੰਗ ਹੈ, 126 ਕੋਰੋਨਾ ਪੀੜਤ ਅਤੇ 10 ਸੈਂਪਲ ਰਿਜੈਕਟ ਹੋਏ ਹਨ।

ਉਨਾਂ ਨੇ ਅੱਗੇ ਦੱਸਿਆ ਕਿ ਜ਼ਿਲੇ ਅੰਦਰ 126 ਕੋਰੋਨਾ ਪੀੜਤਾਂ ਵਿਚੋਂ 01 ਵਿਅਕਤੀ ਪਿੰਡ ਭੈਣੀ ਪਸਵਾਲ ਦੀ ਮੋਤ ਹੋ ਚੁੱਕੀ ਹੈ ਅਤੇ 122 ਘਰਾਂ ਨੂੰ ਭੇਜੇ ਗਏ ਹਨ (114 ਠੀਕ ਹੋਏ ਹਨ, 08 ਘਰਾਂ ਅੰਦਰ ਏਕਾਂਤਵਾਸ ਕੀਤੇ ਗਏ ਹਨ)। 03 ਪੀੜਤ ਜਿਨਾਂ ਦੀ ਰਿਪੋਰਟ ਪੌਜ਼ਟਿਵ ਆਈ ਹੈ, ਪਰ ਉਨਾਂ ਵਿਚ ਕੋਰੋਨਾ ਵਾਇਰਸ ਦੇ ਨਿਰਧਾਰਿਤ ਲੱਛਣ ਨਹੀਂ ਹਨ ਅਤੇ ਉਹ ਤੰਦਰੁਸਤ ਹਨ। 02 ਪੀੜਤ ਧਾਰੀਵਾਲ ਅਤੇ 01 ਪੀੜਤ ਬਟਾਲਾ ਵਿਖੇ ਰੱਖੇ ਗਏ ਗਨ।

ਪੀੜਤਾਂ ਵਿਚ ਇਕ ਔਰਤ ਤੇ ਨੋਜਵਾਨ ਪਿੰਡ ਠੀਕਰੀਵਾਲ ਬਲਾਕ ਕਾਹਨੂੰਵਾਨ ਦੇ ਹਨ, ਜੋ ਲੁਧਿਆਣਾ ਵਿਖੇ ਕੋਰੋਨਾ ਵਾਇਰਸ ਤੋਂ ਪ੍ਰਭਾਵਿਤ ਪੀੜਤ ਦੇ ਸੰਪਰਕ ਵਿਚ ਆਏ ਸਨ ਅਤੇ ਇਕ ਬਟਾਲਾ ਨਜ਼ਦੀਕ ਪਿੰਡ ਹਰੁਪਰਾ ਦਾ ਵਿਅਕਤੀ ਹੈ, ਜੋ ਦੂਸਰੇ ਰਾਜ ਵਿਚੋਂ ਇਥੇ ਆਇਆ ਹੈ। ਇਹ ਤਿੰਨੇ ਤੰਦਰੁਸਤ ਹਨ ਅਤੇ ਆਸ ਹੈ ਕਿ ਜਲਦ ਘਰਾਂ ਨੂੰ ਭੇਜੇ ਜਾਣਗੇ।

------------------

I/26436/2020

ਜਿਲਾ ਲੋਕ ਸੰਪਰਕ ਦਫਤਰ, ਗੁਰਦਾਸਪੁਰ।

ਕੋਵਿਡ-19 ਦੀ ਮਹਾਂਮਾਰੀ ਤੋਂ ਉਭਰਨ ਲਈ ਅਨੁਸੂਚਿਤ ਜਾਤੀਆਂ ਦੇ ਗਰੀਬ ਲੋਕਾਂ ਨੂੰ 140.40 ਲੱਖ ਦੀ ਸਬਸਿਡੀ ਜਾਰੀ

ਪੰਜਾਬ ਅਨੁਸੂਚਿਤ ਜਾਤੀਆਂ ਭੌ ਵਿਕਾਸ ਅਤੇ ਵਿੱਤ ਕਾਰਪੋਰੇਸ਼ਨ ਦੀ ਪਹਿਲ ਕਦਮੀ

ਲੌਕਡਾਊਨ ਕਾਰਨ ਫਸੀ ਕਰਜ਼ਿਆਂ ਦੀ ਰਹਿੰਦੀ ਰਕਮ 323.91 ਲੱਖ ਵੰਡਣ ਦੀ ਕਾਰਵਾਈ ਆਰੰਭ

ਗੁਰਦਾਸਪੁਰ, 20 ਮਈ ( ) ਪੰਜਾਬ ਅਨੁਸੂਚਿਤ ਜਾਤੀਆਂ ਭੌ ਵਿਕਾਸ ਅਤੇ ਵਿੱਤ ਕਾਰਪੋਰੇਸ਼ਨ ਨੇ ਅਨੁਸੂਚਿਤ ਜਾਤੀਆਂ ਦੇ ਗਰੀਬ ਲੋਕਾਂ ਨੂ ਕੋਵਿਡ-19 ਦੀ ਮਹਾਂਮਾਰੀ ਤੋਂ ਉਭਾਰਨ ਲਈ 140.40 ਲੱਖ ਦੀ ਸਬਸਿਡੀ ਜਾਰੀ ਕੀਤੀ ਹੈ। ਇਸ ਬਾਰੇ ਜਾਣਕਾਰੀ ਦਿੰਦਿਆ ਕਾਰਪੋਰੇਸ਼ਨ ਦੇ ਚੇਅਰਮੈਨ, ਇੰਜ: ਮੋਹਨ ਲਾਲ ਸੂਦ ਨੇ ਦੱਸਿਆ ਗਿਆ ਕਿ ਕਰੋਨਾ ਵਾਈਰਸ ਦੀ ਮਹਾਂਮਾਰੀ ਦੌਰਾਨ ਸਾਰੇ ਸੰਸਾਰ ਵਿਚ ਆਰਥਿਕ ਤੌਰ ਤੇ ਬਹੁਤ ਹੀ ਨਕਾਰਤਮਕ ਪ੍ਰਭਾਵ ਪਿਆ ਹੈ। ਜਿਸ ਕਾਰਨ ਬਹੁਤ ਸਾਰੇ ਲੋਕਾਂ ਦੇ ਰੁਜਗਾਰ ਖੁਸ ਗਏ ਹਨ ਅਤੇ ਗਰੀਬ ਪਰਿਵਾਰਾਂ ਦੀ ਰੋਜ਼ੀ ਰੋਟੀ ਤੇ ਬਹੁਤ ਬੁਰਾ ਪ੍ਰਭਾਵ ਪਿਆ ਹੈ। ਪਰ ਪੰਜਾਬ ਦੇ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਵਲੋਂ ਪ੍ਰਾਪਤ ਦਿਸ਼ਾ ਨਿਰਦੇਸ਼ਾਂ 'ਤੇ ਕਾਰਵਾਈ ਕਰਦਿਆ ਅਨੁਸੂਚਿਤ ਜਾਤੀਆਂ ਦੇ ਗਰੀਬ ਪਰਿਵਾਰਾਂ ਨੂੰ ਆਪੋ ਆਪਣਾ ਰੁਜਗਾਰ ਸਥਾਪਤ ਕਰਨ ਲਈ ਬੈਂਕ ਟਾਈ ਅਪ ਸਕੀਮ ਤਹਿਤ 1404 ਲਾਭਪਾਤਰੀਆਂ ਨੂੰ ਆਪਣਾ ਰੁਜਗਾਰ ਸਥਾਪਤ ਕਰਨ ਲਈ 140.40 ਲੱਖ ਰੁ: ਦੀ ਸਬਸਿਡੀ ਜਾਰੀ ਕਰ ਦਿੱਤੀ ਗਈ ਹੈ ।

ਉਨ•ਾਂ ਅੱਗੇ ਦੱਸਿਆ ਕਿ ਜਿਲਾ ਮੈਨੇਜਰਾਂ ਨੂੰ ਇਹ ਸਬਸਿਡੀ ਸਬੰਧਤ ਲਾਭਪਾਤਰੀਆਂ ਦੇ ਖਾਤੇ ਵਿਚ ਪਾਉਣ ਲਈ ਨਿਰਦੇਸ਼ ਜਾਰੀ ਕਰ ਦਿੱਤੇ ਗਏ ਹਨ।ਇਨਾਂ ਲਾਭਪਾਤਰੀਆਂ ਨੂੰ ਆਉਣ ਵਾਲੇ ਕੁਝ ਦਿਨਾਂ ਵਿਚ ਆਪੋ ਆਪਣਾ ਬਿਜਨਸ ਸ਼ੁਰੂ ਕਰਨ ਲਈ ਲੱਗਭੱਗ ਅੱਠ ਤੋਂ ਨੌਂ ਕਰੋੜ ਰੁਪਏ ਦਾ ਕਰਜਾ ਬੈਂਕਾਂ ਦੁਆਰਾ ਪ੍ਰਾਪਤ ਹੋ ਜਾਵੇਗਾ। ਸ੍ਰੀ ਸੂਦ ਨੇ ਕਾਰਪੋਰੇਸ਼ਨ ਦੀ ਇਸ ਪਹਿਲ ਕਦਮੀ ਮਹਾਮਾਰੀ ਦੇ ਇਸ ਭਿਆਨਕ ਸਮੇਂ ਵਿੱਚ ਇੱਕ ਬਹੁਤ ਵੱਡੀ ਰਾਹਤ ਦੇਣ ਵਾਲੀ ਕਾਰਵਾਈ ਦੱਸਿਆ ਹੈ।

ਇੰਜ: ਮੋਹਨ ਲਾਲ ਸੂਦ ਨੇ ਇਹ ਵੀ ਦੱਸਿਆ ਕਿ ਇਸ ਤੋਂ ਇਲਾਵਾ ਕਾਰਪੋਰੇਸ਼ਨ ਵਲੋਂ ਆਪਣੀਆਂ ਹੋਰ ਸਕੀਮਾਂ ਅਧੀਨ ਵੀ ਸਾਲ 2019-20 ਦੌਰਾਨ 1235.24 ਲੱਖ ਰੁਪਏ ਦੇ ਕਰਜੇ ਮਨਜੂਰ ਕੀਤੇ ਗਏ ਸਨ ਜਿਨਾਂ ਵਿਚੋਂ 911.33 ਲੱਖ ਰੁਪਏ ਦੇ ਕਰਜੇ ਸਬੰਧਤ ਲਾਭਪਾਤਰੀਆਂ ਨੂੰ ਵੰਡੇ ਜਾ ਚੁੱਕੇ ਸਨ ।ਉਨ•ਾਂ ਕਿਹਾ ਕਿ ਮਾਰਚ ਮਹੀਨੇ ਵਿੱਚ ਕਰੋਨਾ ਵਾਈਰਸ ਦੇ ਕਾਰਨ ਲੱਗੇ ਲੌਕਡਾਊਨ ਤੇ ਕਰਫ਼ਿਊ ਕਾਰਨ ਜਿਹੜੇ ਕਰਜ਼ੇ ਵੰਡਣ ਤੋਂ ਰਹਿ ਗਏ ਸਨ ਹੁਣ ਜਲਦੀ ਵੰਡੇ ਜਾਣਗੇ । ਉਨ•ਾ ਕਿਹਾ ਕਿ ਕਾਰਪੋਰੇਸ਼ਨ ਵਲੋਂ ਜਲਦੀ ਹੀ ਬਾਕੀ ਰਹਿੰਦੇ 323.91 ਲੱਖ ਰੁਪਏ ਦੇ ਕਰਜ਼ਿਆਂ ਦੀ ਅਦਾਇਗੀ ਕਰਨ ਦੀ ਕਾਰਵਾਈ ਆਰੰਭ ਕਰ ਦਿੱਤੀ ਜਾਵੇਗੀ।

ਚੇਅਰਮੈਨ ਵਲੋਂ ਕਾਰਪੋਰੇਸ਼ਨ ਦੇ ਸਮੂਹ ਅਧਿਕਾਰੀਆਂ ਅਤੇ ਕਰਮਚਾਰੀਆਂ ਵਲੋਂ ਮਿਹਨਤ ਅਤੇ ਲਗਨ ਨਾਲ ਕੰਮ ਕਰਨ ਦੀ ਭਾਵਨਾ ਦੀ ਵੀ ਸਰਾਹਨਾ ਕੀਤੀ ਗਈ ਜਿਸ ਕਾਰਨ ਕਰੋਨਾ ਦੀ ਮਹਾਂਮਾਰੀ ਦੇ ਦੌਰਾਨ ਵੀ ਕਾਰਪੋਰੇਸਨ ਦੇ ਸਮੁੱਚੇ ਸਟਾਫ ਵਲੋਂ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਬੀਮਾਰੀ ਤੋਂ ਇਹਤਿਆਤ ਵਰਤਦੇ ਹੋਏ ਔਖੇ ਸਮੇਂ ਵਿਚ ਵੀ ਕਰੋਨਾ ਯੋਧਿਆਂ ਵਾਂਗ ਕੰਮ ਕੀਤਾ ਤੇ ਆਪਣੀ ਇੱਕ ਦਿਨ ਦੀ ਤਨਖਾਹ ਵੀ ਮੁੱਖ ਮੰਤਰੀ ਫੰਡ ਵਿੱਚ ਪਾਈ।

---------------